# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਕੂਲਾਂ ਵਿੱਚ ਟੀਚਿੰਗ ਅਸਾਮੀਆਂ ਦੀ ਭਰਤੀ ਲਈ ਮਿਤੀ 04-01-2025 ਨੂੰ ਦਿੱਤੇ ਗਏ ਇਸ਼ਤਿਹਾਰ ਨੰ. 366/2024 ਦੀ ਇੰਟਰਵਿਊ ਲਈ ਸਮ੍ਹਾਂ ਸਾਰਣੀ

**ਜਰੂਰੀ ਹਦਾਇਤਾਂ:-**

1. ਜਿਨ੍ਹਾਂ ਉਮੀਦਵਾਰਾਂ ਵਲੋਂ ਆਨਲਾਈਨ ਅਪਲਾਈ ਕਰਨ ਸਮੇਂ ਆਨਲਾਈਨ ਫੀਸ ਨਹੀਂ ਭਰੀ ਗਈ, ਉਹ ਯੋਗ ਉਮੀਦਵਾਰ ਸਬੂਤ ਵਜੋਂ User Id ਪੇਸ਼ ਕਰਨ ਉਪਰੰਤ ਇੰਟਰਵਿਊ ਮੌਕੇ ਦਫ਼ਤਰ ਵਿਖੇ ਨਗਦ ਫੀਸ ਜਮ੍ਹਾਂ ਕਰਵਾ ਕੇ ਰਸੀਦ ਕਟਵਾਉਣ ਉਪਰੰਤ ਇੰਟਰਵਿਊ ਦੇ ਸਕਦੇ ਹਨ।
2. ਵਿਸ਼ਾ ਅਧਿਆਪਕ (ਪੀ.ਜੀ.ਟੀ.) ਲਈ ਉਮੀਦਵਾਰ ਨੇ ਪੋਸਟ ਗ੍ਰੈਜੂਏਸ਼ਨ, ਗ੍ਰੈਜੂਏਸ਼ਨ ਅਤੇ ਬੀ.ਐਡ ਕੀਤੀ ਹੋਵੇ ਅਤੇ ਉਕਤ ਸਾਰੀਆਂ ਡਿਗਰੀਆਂ ਵਿਚ ਘੱਟ ਤੋਂ ਘੱਟ 55% ਅੰਕ ਹੋਣੇ ਲਾਜ਼ਮੀ ਹਨ। **ਵਿਸ਼ਾ ਅਧਿਆਪਕ ਲਈ ਪੋਸਟ ਗ੍ਰੈਜੂਏਸ਼ਨ ਸਬੰਧਤ ਵਿਸ਼ੇ ਵਿਚ ਹੀ ਹੋਣੀ ਚਾਹੀਦੀ ਹੈ।**
3. ਵਿਸ਼ਾ ਅਧਿਆਪਕ (ਟੀ.ਜੀ.ਟੀ.) ਲਈ ਉਮੀਦਵਾਰ ਨੇ ਪੋਸਟ ਗ੍ਰੈਜੂਏਸ਼ਨ, ਗ੍ਰੈਜੂਏਸ਼ਨ ਅਤੇ ਬੀ.ਐਡ ਕੀਤੀ ਹੋਵੇ ਅਤੇ ਉਕਤ ਸਾਰੀਆਂ ਡਿਗਰੀਆਂ ਵਿਚ ਘੱਟ ਤੋਂ ਘੱਟ 50% ਅੰਕ ਹੋਣੇ ਲਾਜ਼ਮੀ ਹਨ। **ਵਿਸ਼ਾ ਅਧਿਆਪਕ ਲਈ ਪੋਸਟ ਗ੍ਰੈਜੂਏਸ਼ਨ ਸਬੰਧਤ ਵਿਸ਼ੇ ਵਿਚ ਹੀ ਹੋਣੀ ਚਾਹੀਦੀ ਹੈ।**
4. ਫਿਜ਼ੀਕਲ ਐਜੂਕੇਸ਼ਨ ਦੀ ਅਸਾਮੀ ਲਈ ਐਮ.ਪੀਐਡ. ਡਿਗਰੀ, ਮਿਊਜ਼ਿਕ ਦੀ ਅਸਾਮੀ ਲਈ ਐਮ.ਏ. (ਮਿਊਜ਼ਿਕ), ਆਰਟ ਐਂਡ ਕਰਾਫਟ ਦੀ ਅਸਾਮੀ ਐਮ.ਏ. (ਫਾਈਨ ਆਰਟਸ) ਅਤੇ ਕੰਪਿਊਟਰ ਲਈ ਮਾਸਟਰ ਡਿਗਰੀ ਕੰਪਿਊਟਰ ਵਿਸ਼ੇ ਵਿਚ ਹੋਣੀ ਚਾਹੀਦੀ ਹੈ ਅਤੇ ਉਕਤ ਵਿਸ਼ਿਆਂ ਲਈ ਬੀ.ਐੱਡ. ਲਾਜ਼ਮੀ ਨਹੀਂ ਹੈ।
5. ਜਨਰਲ ਅਧਿਆਪਕਾਂ ਲਈ ਉਮੀਦਵਾਰ ਨੇ ਗ੍ਰੈਜੂਏਸ਼ਨ ਅਤੇ ਬੀ.ਐਡ ਕੀਤੀ ਹੋਵੇ ਅਤੇ ਉਕਤ ਡਿਗਰੀਆਂ ਵਿੱਚ ਘੱਟ ਤੋਂ ਘੱਟ 50% ਅੰਕ ਹੋਣੇ ਲਾਜ਼ਮੀ ਹਨ। CTET/PTET ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ।
6. ਨਰਸਰੀ ਅਧਿਆਪਕ (ਐਨ.ਟੀ.ਟੀ.) ਪੋਸਟਾਂ ਲਈ ਉਮੀਦਵਾਰ ਨੇ +2, ਐਨ.ਟੀ.ਟੀ. ਕੀਤੀ ਹੋਣੀ ਲਾਜ਼ਮੀ ਹੈ। ਗ੍ਰੈਜੂਏਸ਼ਨ ਨੂੰ ਤਰਜੀਹ ਦਿੱਤੀ ਜਾਵੇਗੀ।
7. ਉਮੀਦਵਾਰ ਨੇ ਦਸਵੀਂ ਪੱਧਰ ਤੱਕ ਪੰਜਾਬੀ ਪਾਸ ਕੀਤੀ ਹੋਣੀ ਚਾਹੀਦੀ ਹੈ।
8. ਉਮੀਦਵਾਰ ਦਾ ਤਜ਼ਰਬਾ ਕੇਵਲ ਕਿਸੇ ਵੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਦਾ ਹੀ ਮੰਨਿਆ ਜਾਵੇਗਾ ਅਤੇ ਤਜ਼ਰਬਾ ਸਰਟੀਫਿਕੇਟ **ਜ਼ਿਲ੍ਹਾ ਸਿੱਖਿਆ ਅਫ਼ਸਰ** ਤੋਂ ਤਸਦੀਕ ਹੋਣਾ ਲਾਜ਼ਮੀ ਹੈ।
9. ਜਰੂਰਤ ਅਨੁਸਾਰ ਉਮੀਦਵਾਰਾਂ ਦਾ ਲਿਖਤੀ ਟੈਸਟ ਵੀ ਲਿਆ ਜਾਵੇਗਾ। ਟੈਸਟ ਦਾ ਸਿਲੇਬਸ ਵਿਸ਼ੇ ਨਾਲ ਸਬੰਧਤ ਹੋਵੇਗਾ।
10. ਉਮੀਦਵਾਰ ਚੰਗੇ ਅਕਾਦਮਿਕ ਪਿਛੋਕੜ ਵਾਲੇ ਅਤੇ ਅੰਗਰੇਜ਼ੀ ਬੋਲਣ ਵਿਚ ਨਿਪੁੰਨਤਾ (ਖਾਸ ਕਰਕੇ ਸੀ.ਬੀ.ਐਸ.ਈ. ਸਕੂਲਾਂ ਲਈ) ਰੱਖਦੇ ਹੋਣ।
11. ਇੰਟਰਵਿਊ ਸਮੇਂ ਉਮੀਦਵਾਰ ਕੋਲ ਮਾਸਟਰ ਡਿਗਰੀ (ਪੋਸਟ ਗ੍ਰੈਜੂਏਸ਼ਨ ਅਤੇ ਬੀ.ਐਡ) ਦਾ ਫਾਈਨਲ ਰਿਜ਼ਲਟ ਹੋਣਾ ਲਾਜ਼ਮੀ ਹੈ।
12. ਇੰਟਰਵਿਊ ਸਮੇਂ ਉਮੀਦਵਾਰ ਨੂੰ ਆਪਣੀ ਯੋਗਤਾ ਅਤੇ ਤਜ਼ਰਬੇ ਦੇ ਅਸਲ ਦਸਤਾਵੇਜ਼ (ਸਮੇਤ 2 ਸੈੱਟ ਫੋਟੋਕਾਪੀ) ਨਾਲ ਲੈ ਕੇ ਆਉਣੇ ਲਾਜ਼ਮੀ ਹਨ।
13. **ਸਿੱਖ ਉਮੀਦਵਾਰ ਪਤਿਤ ਨਹੀਂ ਹੋਣਾ ਚਾਹੀਦਾ।**
14. ਅਸਾਮੀਆਂ ਦੀ ਗਿਣਤੀ ਵਰਕਲੋਡ ਅਨੁਸਾਰ ਘੱਟ-ਵੱਧ ਹੋ ਸਕਦੀ ਹੈ।
15. ਨਿਮਨ ਹਸਤਾਖਰੀ ਪਾਸ ਇੰਟਰਵਿਊ ਨੂੰ ਰੱਦ/ਮੁਲਤਵੀ ਕਰਨ ਦਾ ਅਧਿਕਾਰ ਰਾਖਵਾਂ ਹੈ।
16. ਇੰਟਰਵਿਊ ਲਈ ਆਉਣ ਵਾਸਤੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਨਹੀਂ ਦਿੱਤਾ ਜਾਵੇਗਾ।
17. ਉਮੀਦਵਾਰ ਇੰਟਰਵਿਊ 'ਤੇ ਆਉਣ ਤੋਂ ਇੱਕ ਦਿਨ ਪਹਿਲਾਂ ਵੈੱਬਸਾਈਟ **(www.desgpc.org)** ਜਰੂਰ ਦੇਖਣ ਕਿਉਂਕਿ ਇੰਟਰਵਿਊ ਦੀ ਮਿਤੀ/ਸਮਾਂ ਬਦਲਿਆ ਜਾ ਸਕਦਾ ਹੈ।

-ਸਹੀ-

**(ਸਕੱਤਰ ਵਿੱਦਿਆ)**

# ਸਕੂਲਾਂ ਦੇ ਅਧਿਆਪਕ ਸਾਹਿਬਾਨ ਦੀ ਇੰਟਰਵਿਊ ਦੀ ਸਮਾਂ-ਸਾਰਣੀ

**ਇੰਟਰਵਿਊ ਦਾ ਸਥਾਨ:**

ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ,
ਘੀ ਮੰਡੀ, ਸ੍ਰੀ ਅੰਮ੍ਰਿਤਸਰ

| ਇੰਟਰਵਿਊ ਦੀ ਮਿਤੀ | ਇੰਟਰਵਿਊ ਦਾ ਸਮਾਂ ਅਤੇ ਸਥਾਨ | ਜਿਸ ਸਕੂਲ ਲਈ ਅਪਲਾਈ ਕੀਤਾ ਹੈ |
|---|---|---|
| 19-03-2025<br>**ਦਿਨ ਬੁੱਧਵਾਰ** | **ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਘੀ ਮੰਡੀ, ਸ੍ਰੀ ਅੰਮ੍ਰਿਤਸਰ**<br><br>**ਸਵੇਰੇ 10:00 ਵਜੇ** | ਸ੍ਰੀ ਗੁਰੂ ਰਾਮਦਾਸ ਪਬਲਿਕ ਸਕੂਲ, ਗੋਲਡਨ ਟੈਂਪਲ ਕਲੋਨੀ, ਸੁਲਤਾਨਵਿੰਡ ਰੋਡ, ਸ੍ਰੀ ਅੰਮ੍ਰਿਤਸਰ |
| | | ਸ੍ਰੀ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਛੇਹਰਟਾ ਸਾਹਿਬ, ਸ੍ਰੀ ਅੰਮ੍ਰਿਤਸਰ |
| | | ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰਾਮਦਾਸ, ਸ੍ਰੀ ਅੰਮ੍ਰਿਤਸਰ |
| | | ਸ੍ਰੀ ਗੁਰੂ ਰਾਮਦਾਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਰਾਮਸਰ ਰੋਡ, ਸ੍ਰੀ ਅੰਮ੍ਰਿਤਸਰ |